**ਮੁਫਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ, ਨਿਯਮ 2011**

*ਫਾਰਮ-II*

*(ਵੇਖੋਂ ਉਪ ਨਿਯਮ (4) ਨਿਯਮ 11)*

*ਈ.ਮੇਲ: rteferozepur@gmail.com* *ਟੈਲੀਫੋਨ ਨੰ: 01632-249772*

# ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ.) ਫਿਰੋਜ਼ਪੁਰ

*ਨੰ : ਸਸਅ ਫਿਰੋਜਪੁਰ/2016/ਆਰ.ਟੀ.ਈ./* 1373 *ਮਿਤੀ : 20.05.2016*

ਵੱਲ: ਮੈਨੇਜਰ,
ਅਕਾਲ ਅਕੈਡਮੀ
(ਜ਼ੀਰਾ 2)
ਬਹਿਕ ਫੱਤੂ, ਜ਼ੀਰਾ (ਫਿਰੋਜ਼ਪੁਰ) ।

ਵਿਸ਼ਾ : ਪੰਜਾਬ ਰਾਜ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮ 2011 ਦੇ ਨਿਯਮ 11 ਦੇ ਉਪ ਨਿਯਮ (4) ਅਨੁਸਾਰ ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ, 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਨੂੰ ਜਾਰੀ ਮਾਨਤਾ ਪ੍ਰਮਾਣ ਪੱਤਰ।

ਸ੍ਰੀਮਾਨ ਜੀ/ਸ੍ਰੀਮਤੀ ਜੀ,

ਆਪ ਦੀ ਪ੍ਰਤੀ-ਬੇਨਤੀ/ਸਵੈ-ਘੋਸ਼ਣਾ ਪੱਤਰ ਕਮ ਫਾਰਮ-1 ਅਤੇ ਬਾਅਦ ਵਿੱਚ ਇਸ ਸਬੰਧੀ ਸਕੂਲ ਨਾਲ ਕੀਤੇ ਗਏ ਪੱਤਰ ਵਿਹਾਰ/ਪੜਤਾਲ ਦੇ ਆਧਾਰ ਤੇ ਆਪ ਦੇ ਸਕੂਲ ਨੂੰ ਜਮਾਤ **ਪਹਿਲੀ ਤੋਂ ਅੱਠਵੀਂ** ਤੱਕ ਸੈਸ਼ਨ 2016-17 ਤੋਂ ਅਗਲੇਰੀ ਆਰਜ਼ੀ ਮਾਨਤਾ ਜਾਰੀ ਕੀਤੀ ਜਾਂਦੀ ਹੈ। ਇਹ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੀ ਪੂਰਤੀ ਤੇ ਆਧਾਰਿਤ ਹੋਵੇਗੀ:-

1) ਇਹ ਮਾਨਤਾ ਅੱਠਵੀ ਜਮਾਤ ਤੋਂ ਅੱਗੇ ਵਾਧੇ ਯੋਗ ਨਹੀਂ ਹੋਵੇਗੀ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਅਰਥ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ ਲਈ ਨਹੀ ਲਿਆ ਜਾਵੇਗਾ।
2) ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ 2009 ਅਤੇ ਪੰਜਾਬ ਰਾਜ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ 2011 ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3) ਸਕੂਲ ਆਪਣੀ ਪਹਿਲੀ ਜਮਾਤ ਵਿੱਚ (ਜੇਕਰ ਸਕੂਲ ਵਿੱਚ ਪ੍ਰੀ-ਪ੍ਰਾਇਮਰੀ ਕਲਾਸਾਂ ਚੱਲਦੀਆਂ ਹੋਣ ਤਾਂ ਪਹਿਲੀ ਪ੍ਰੀ-ਪ੍ਰਾਇਮਰੀ ਕਲਾਸ ਵਿੱਚ), ਜਮਾਤ ਵਿੱਚ ਬੱਚਿਆਂ ਦੀ ਕੁੱਲ ਸੰਖਿਆ ਦਾ 25 ਪ੍ਰਤੀਸ਼ਤ ਕਮਜ਼ੋਰ ਵਰਗ ਅਤੇ ਸੁਵਿਧਾ ਰਹਿਤ ਗਰੁੱਪ ਦੇ ਗੁਆਂਢ ਵਿਚਲੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4) ਸਕੂਲ ਨੂੰ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀ ਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5) ਸਕੂਲ ਕੋਈ ਕੈਪੀਟੇਸ਼ਨ ਫੀਸ ਵਸੂਲ ਨਹੀਂ ਕਰੇਗਾ ਅਤੇ ਬੱਚਿਆਂ ਜਾਂ ਉਸਦੇ ਮਾਪਿਆਂ/ ਸਰਪ੍ਰਸਤਾਂ ਦੀ ਚੋਣ ਲਈ ਸਕਰੀਨਿੰਗ ਟੈਸਟ ਵਿਧੀ ਨਹੀਂ ਅਪਣਾਏਗਾ।
6) ਸਕੂਲ ਹੇਠ ਲਿਖਿਆਂ ਵਿੱਚੋ ਕਿਸੇ ਵੀ ਕਾਰਣ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ:
   ੳ) ਬੱਚੇ ਦਾ ਜਨਮ ਦਾ ਸਬੂਤ ਨਾ ਹੋਣ ਕਾਰਨ; ਜਾਂ
   ਅ) ਜੇਕਰ ਬੱਚਾ ਦਾਖਲੇ ਲਈ ਮਿੱਥੀ ਆਖਰੀ ਮਿਤੀ ਤੋਂ ਬਾਅਦ ਦਾਖਲਾ ਲੈਣ ਲਈ ਆਉਂਦਾ ਹੈ; ਜਾਂ
   ੲ) ਧਰਮ, ਜਾਤ, ਵਰਗ, ਜਨਮ ਸਥਾਨ ਜਾਂ ਇਨ੍ਹਾਂ ਵਿੱਚੋਂ ਕਿਸੇ ਵੀ ਕਾਰਣ ਕਰਕੇ।
7) <u>ਸਕੂਲ ਇਹ ਯਕੀਨੀ ਬਣਾਏਗਾ ਕਿ</u> :-
   ੳ) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਪਿਛਲੀ ਜਮਾਤ ਵਿੱਚ ਵਾਪਿਸ ਨਹੀਂ ਕੀਤਾ ਜਾਵੇਗਾ ਅਤੇ ਨਾ ਹੀ ਉਸਨੂੰ ਉਸਦੀ ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਸਕੂਲ ਤੋਂ ਕੱਢਿਆ ਜਾ ਸਕੇਗਾ;
   ਅ) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਤੌਰ ਤੇ ਪ੍ਰੇਸ਼ਾਨ ਨਹੀਂ ਕੀਤਾ ਜਾਵੇਗਾ।
   ੲ) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।
   ਸ) ਹਰੇਕ ਬੱਚਾ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 21 ਅਨੁਸਾਰ ਪ੍ਰਮਾਣ ਪੱਤਰ ਜਾਰੀ ਕੀਤਾ ਜਾਵੇਗਾ।
   ਹ) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ ਵਾਲੇ/ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ ਕੀਤੀ ਜਾਵੇਗੀ।
   ਕ) ਅਧਿਆਪਕ ਧਾਰਾ 23 ਦੀ ਉਪ ਧਾਰਾ (1) ਮੁਤਾਬਕ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ;

ਚੱਲਦਾ ਪੰਨਾ :